ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ

ਹਾਲਾਤ ਸਥਿਰ ਹੋਣ ਦੇ ਬਾਅਦ ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਸੋਸ਼ਲ ਡਿਸਟੈਂਸਿੰਗ ਨੂੰ ਅਪਣਾਉਣ ਦੀ ਅਪੀਲ ਕੀਤੀ

ਕਿਹਾ, ਸੋਸ਼ਲ ਡਿਸਟੈਂਸਿੰਗ, ਮਾਸਕ ਪਹਿਨਣਾ ਅਤੇ ਸਾਫ-ਸਫਾਈ ਰੱਖਣਾ ਕੁੱਝ ਇਹੋ ਜਿਹੇ ਨਿਯਮ ਹਨ, ਜਿਨ੍ਹਾਂ ਰਾਹੀਂ ਅਸੀਂ ਬਿਮਾਰੀ ਨੂੰ ਦੂਰ ਰੱਖ ਸਕਦੇ ਹਾਂ

ਫਿਰੋਜ਼ਪੁਰ 22 ਮਈ 2020 ( )
ਕਰਫ਼ਿਊ ਹਟਣ ਦੇ ਬਾਅਦ ਹਾਲਾਤ ਸਥਿਰ ਹੋਣ ਤੇ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਸ੍ਰ. ਕੁਲਵੰਤ ਸਿੰਘ ਨੇ ਲੋਕਾਂ ਨੂੰ ਸੋਸ਼ਲ ਡਿਸਟੈਂਸਿੰਗ, ਮਾਸਕ ਪਹਿਨਣ ਅਤੇ ਸਾਫ-ਸਫਾਈ ਦਾ ਧਿਆਨ ਰੱਖਣ ਵਰਗੇ ਕੁੱਝ ਨਿਯਮਾਂ ਦਾ ਪਾਲਣ ਕਰਨ ਲਈ ਕਿਹਾ ਹੈ। ਉਨ੍ਹਾਂ ਨੇ ਕਿਹਾ ਕਿ ਇਹ ਕੁੱਝ ਐਸੇ ਨਿਯਮ ਹਨ, ਜਿਨ੍ਹਾਂ ਦਾ ਪਾਲਣ ਕਰਕੇ ਅਸੀਂ ਇਸ ਬਿਮਾਰੀ ਨੂੰ ਖ਼ੁਦ ਤੋਂ ਅਤੇ ਖ਼ੁਦ ਦੇ ਪਰਿਵਾਰ ਤੋਂ ਕਾਫ਼ੀ ਦੂਰ ਰੱਖ ਸਕਦੇ ਹਾਂ। ਕਰਫ਼ਿਊ ਦੇ ਬਾਅਦ ਸਥਿਤੀ ਦੀ ਸਮੀਖਿਆ ਕਰਦੇ ਹੋਏ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਹੌਲੀ-ਹੌਲੀ ਹਾਲਾਤ ਸਥਿਰ ਹੋਣ ਲੱਗੇ ਹਨ ਲੇਕਿਨ ਸਾਡੀ ਵੀ ਇਹ ਜ਼ਿੰਮੇਵਾਰੀ ਹੈ ਕਿ ਅਸੀਂ ਕੋਰੋਨਾ ਵਾਇਰਸ ਖਿਲਾਫ ਇਸ ਜੰਗ ਵਿੱਚ ਆਪਣੀ ਭੂਮਿਕਾ ਨਿਭਾਉਂਦੇ ਰਹੀਏ। ਇਸ ਦੇ ਲਈ ਸਾਨੂੰ ਸਰਕਾਰ ਦੁਆਰਾ ਦੱਸੇ ਗਏ ਸੋਸ਼ਲ ਡਿਸਟੈਂਸਿੰਗ ਦੇ ਨਿਯਮਾਂ ਦਾ ਪਾਲਣ ਕਰਨਾ ਹੋਵੇਗਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਸਥਿਤੀ ਸਥਿਰ ਕਰਨ ਲਈ ਸਰਕਾਰ ਵੱਲੋਂ ਕਈ ਕਦਮ ਚੁੱਕੇ ਗਏ ਹਨ। ਸਵੇਰੇ 7 ਵਜੇ ਤੋਂ ਸਾਮ 6 ਵਜੇ ਤੱਕ ਦੁਕਾਨਾਂ ਨੂੰ ਖੋਲ੍ਹਣ ਦੀ ਇਜਾਜ਼ਤ ਦਿੱਤੀ ਗਈ ਹੈ ਤਾਂਕਿ ਆਰਥਿਕ ਗਤੀਵਿਧੀਆਂ ਫਿਰ ਤੋਂ ਸ਼ੁਰੂ ਹੋ ਸਕਣ। ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਆਰਥਿਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਲਈ ਕਈ ਤਰ੍ਹਾਂ ਦੇ ਕਦਮ ਉਠਾਏ ਜਾ ਰਹੇ ਹਨ। ਡਿਪਟੀ ਕਮਿਸ਼ਨਰ ਨੇ ਕੋਰੋਨਾ ਵਾਇਰਸ ਖਿਲਾਫ ਜੰਗ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਫਰੰਟਲਾਈਨ ਵਰਕਰਾਂ, ਸਿਹਤ ਵਿਭਾਗ, ਪੈਰਾ-ਮੈਡੀਕਲ ਸਟਾਫ਼, ਪੁਲਿਸ ਵਿਭਾਗ, ਪ੍ਰਸ਼ਾਸਨ ਅਤੇ ਹੋਰਨਾਂ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਇਸ ਲੜਾਈ ਵਿੱਚ ਉਨ੍ਹਾਂ ਦੀ ਭੂਮਿਕਾ ਦੇ ਲਈ ਵਧਾਈ ਦਿੱਤੀ ਤੇ ਕਿਹਾ ਕਿ ਸਾਰਿਆਂ ਦੇ ਸਹਿਯੋਗ ਤੋਂ ਬਿਨਾਂ ਇਸ ਲੜਾਈ ਨੂੰ ਲੜਨਾ ਨਾਮੁਨਕਿਨ ਸੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ

ਅਣ-ਅਧਿਕਾਰਤ ਰੂਪ ਵਿੱਚ ਪੈਸਟੀਸਾਈਡ ਵੇਚਣ ਵਾਲੇ ਟ੍ਰੇਡਰ ਅਤੇ ਸਪਲਾਇਰ ਦੇ ਖਿਲਾਫ ਐੱਫਆਈਆਰ ਦਰਜ

ਖੇਤੀਬਾੜੀ ਵਿਭਾਗ ਨੇ ਪੈਸਟੀਸਾਈਡ ਤੇ ਬੀਜ ਵੇਚਣ ਵਾਲੇ ਡੀਲਰਜ਼ ਦੀਆਂ ਦੁਕਾਨਾਂ ਤੇ ਚਲਾਈ ਚੈਕਿੰਗ ਮੁਹਿੰਮ

ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਦੇ ਲਈ ਹੋਰ ਤੇਜ਼ ਕੀਤੀ ਜਾਵੇਗੀ ਮੁਹਿੰਮ: ਖੇਤੀਬਾੜੀ ਅਫਸਰ

ਫਿਰੋਜ਼ਪੁਰ 22 ਮਈ 2020 ( )
ਅਣ-ਅਧਿਕਾਰਤ ਤਰੀਕੇ ਨਾਲ ਪੈਸਟੀਸਾਈਡ ਅਤੇ ਇੰਸੈਕਟੇਸਾਈਡ ਦੀ ਵਿੱਕਰੀ ਦੇ ਮਾਮਲੇ ਵਿੱਚ ਖੇਤੀਬਾੜੀ ਵਿਭਾਗ ਨੇ ਫਿਰੋਜ਼ਪੁਰ ਗੋਬਰ ਮੰਡੀ ਵਿੱਚ ਇੱਕ ਟ੍ਰੇਡਰ ਅਤੇ ਘੱਲ-ਖੁਰਦ ਦੇ ਸਪਲਾਇਰ ਦੇ ਖਿਲਾਫ ਧੋਖਾਧੜੀ ਦਾ ਮੁਕੱਦਮਾ ਦਰਜ ਕਰਵਾਇਆ ਹੈ।
ਵਿਸਥਾਰ ਪੂਰਵਕ ਜਾਣਕਾਰੀ ਦਿੰਦੇ ਹੋਏ ਮੁੱਖ ਖੇਤੀਬਾੜੀ ਅਫਸਰ ਡਾ. ਗੁਰਮੇਲ ਸਿੰਘ ਨੇ ਦੱਸਿਆ ਕਿ ਖੇਤੀਬਾੜੀ ਅਤੇ ਕਿਸਾਨ ਕਲਿਆਣ ਵਿਭਾਗ ਵੱਲੋਂ ਵੀਰਵਾਰ ਨੂੰ ਗੋਬਰ ਮੰਡੀ ਸਥਿਤ ਮੈਸਰਜ਼ ਹਰੀਸ਼ ਟ੍ਰੇਡਰਸ ਦੀ ਦੁਕਾਨ ਤੇ ਚੈਕਿੰਗ ਕੀਤੀ ਗਈ ਸੀ। ਖੇਤੀਬਾੜੀ ਵਿਕਾਸ ਅਧਿਕਾਰੀ ਚਰਨਜੀਤ ਸਿੰਘ ਅਤੇ ਉਨ੍ਹਾਂ ਦੀ ਟੀਮ ਨੂੰ ਚੈਕਿੰਗ ਦੇ ਦੌਰਾਨ 23 ਪਲਾਸਟਿਕ ਬੋਤਲਾਂ ਪੈਸਟੀਸਾਈਡ ਕੋਰਗਨ ਦੀ ਬਰਾਮਦ ਹੋਈ, ਜਿਸ ਤੇ ਲਿਖਿਆ ਹੋਇਆ ਸੀ ਕਿ ਇਹ ਇੱਕ ਹਰਬਲ ਬਾਇਓ ਇੰਸੈਕਟ ਕੰਟਰੋਲ ਹੈ ਲੇਕਿਨ ਇਸ ਤੇ ਕੋਈ ਮੈਨਯੂਫੈਕਚਰਿੰਗ ਲਾਇਸੰਸ ਨੰਬਰ ਜਾਂ ਸੀਆਈਆਰ ਨੰਬਰ ਨਹੀਂ ਸੀ। ਡਾ. ਗੁਰਮੇਲ ਸਿੰਘ ਨੇ ਦੱਸਿਆ ਕਿ ਵਿਭਾਗ ਨੇ ਸਾਰਾ ਸਟਾਕ ਜ਼ਬਤ ਕਰ ਲਿਆ, ਨਾਲ ਹੀ ਜ਼ਰੂਰੀ ਦਸਤਾਵੇਜ਼ ਵੀ ਜ਼ਬਤ ਕਰ ਲਏ। ਪੁੱਛਤਾਛ ਕਰਨ ਤੇ ਟ੍ਰੇਡਰ ਨੇ ਦੱਸਿਆ ਕਿ ਇਹ ਮਟੀਰੀਅਲ ਉਨ੍ਹਾਂ ਨੇ ਘੱਲਖੁਰਦ ਦੇ ਇੱਕ ਸਪਲਾਇਰ ਓਮ ਖੇਤੀ ਸੈਂਟਰ ਤੋਂ ਖ਼ਰੀਦਿਆ ਸੀ, ਜਿਸ ਦੇ ਬਾਅਦ ਖੇਤੀਬਾੜੀ ਵਿਭਾਗ ਨੇ ਸਪਲਾਇਰ ਅਤੇ ਟਰੇਡਰ ਦੋਵਾਂ ਦੇ ਖਿਲਾਫ ਧੋਖਾਧੜੀ ਦਾ ਮੁਕੱਦਮਾ ਦਰਜ ਕਰਵਾ ਦਿੱਤਾ ਹੈ।
ਉਨ੍ਹਾਂ ਨੇ ਦੱਸਿਆ ਕਿ ਵਿਭਾਗ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਦੇ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਦੇ ਲਈ ਕਈ ਯਤਨ ਕੀਤੇ ਜਾ ਰਹੇ ਹਨ, ਜਿਸ ਦੇ ਤਹਿਤ ਮਾਰਕੀਟ ਤੋਂ ਘਟੀਆ ਤੇ ਡੁਪਲੀਕੇਟ ਉਤਪਾਦਾਂ ਦੀ ਵਿੱਕਰੀ ਤੇ ਰੋਕ ਲਗਾਉਣ ਦੇ ਲਈ ਲਗਾਤਾਰ ਚੈਕਿੰਗ ਹੋ ਰਹੀ ਹੈ। ਇਹ ਚੈਕਿੰਗ ਮਿਸ਼ਨ ਤੰਦਰੁਸਤ ਪੰਜਾਬ ਦੇ ਤਹਿਤ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਵਿਭਾਗ ਵੱਲੋਂ ਘਟੀਆ ਤੇ ਡੁਪਲੀਕੇਟ ਉਤਪਾਦਾਂ ਦੇ ਭੰਡਾਰਨ ਤੇ ਵਿੱਕਰੀ ਤੇ ਨਕੇਲ ਕੱਸੀ ਜਾ ਰਹੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਇਹ ਕਾਰਵਾਈ ਇਸੇ ਤਰ੍ਹਾਂ ਜਾਰੀ ਰਹੇਗੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ

2.93 ਕਰੋੜ ਦੇ ਲਾਭ ਦੇਣ ਦੇ ਕੇਸ ਗੁਰੂਹਰਸਹਾਏ ਸਬ ਡਿਵੀਜ਼ਨ ਦੇ 2717 ਲਾਭਪਾਤਰੀਆਂ ਨੂੰ ਮਨਜ਼ੂਰ, ਖਾਤਿਆਂ ਵਿੱਚ ਜਲਦੀ ਹੀ ਆਵੇਗੀ ਰਾਸ਼ੀ- ਰਾਣਾ ਗੁਰਮੀਤ ਸਿੰਘ ਸੋਢੀ
ਕਿਹਾ, ਹਲਕੇ ਦੇ ਸਾਰੇ ਉਸਾਰੀ ਕਿਰਤੀਆਂ ਦੀਆਂ ਅਰਜ਼ੀਆਂ ਵੱਖ-ਵੱਖ ਸਕੀਮਾਂ ਤਹਿਤ ਹੋਈਆਂ ਪ੍ਰਵਾਨ

ਗੁਰੂਹਰਸਹਾਏ/ਫਿਰੋਜ਼ਪੁਰ 22 ਮਈ 2020 ( )

ਸਬ ਡਿਵੀਜ਼ਨ ਗੁਰੂਹਰਸਹਾਏ ਦੇ 2717 ਉਸਾਰੀ ਕਿਰਤੀਆਂ ਨੂੰ ਵੱਖ-ਵੱਖ ਸਕੀਮਾਂ ਤਹਿਤ 2.93 ਕਰੋੜ ਰੁਪਏ ਦੇ ਲਾਭ ਦੇਣ ਲਈ ਸਾਰੀਆਂ ਅਰਜ਼ੀਆਂ ਮਨਜ਼ੂਰ ਕਰ ਲਈਆਂ ਗਈਆਂ ਹਨ ਅਤੇ ਸਬੰਧਿਤ ਲਾਭਪਾਤਰੀਆਂ ਦੇ ਖਾਤਿਆਂ ਵਿਚ ਇਹ ਰਾਸ਼ੀ ਜਲਦੀ ਹੀ ਟ੍ਰਾਂਸਫ਼ਰ ਕਰ ਦਿੱਤੀ ਜਾਵੇਗੀ।

ਇਹ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਰਾਣਾ ਗੁਰਮੀਤ ਸਿੰਘ ਸੋਢੀ ਨੇ ਦੱਸਿਆ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਾਰੇ ਵਰਗਾਂ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਉਸਾਰੀ ਕਿਰਤੀ ਸਾਡੇ ਸਮਾਜ ਦਾ ਅਹਿਮ ਹਿੱਸਾ ਹਨ, ਸਰਕਾਰ ਵੱਲੋਂ ਉਸਾਰੀ ਕਿਰਤੀਆਂ ਦੀ ਭਲਾਈ ਪੰਜਾਬ ਬਿਲਡਿੰਗ ਐਂਡ ਅਦਰਸ ਕੰਸਟਰੱਕਸ਼ਨ ਵਰਕਸ ਵੈੱਲਫੇਅਰ ਬੋਰਡ ਦਾ ਗਠਨ ਕੀਤਾ ਗਿਆ ਹੈ ਜਿਸ ਤਹਿਤ ਨਿਰਮਾਣ ਕੰਮਾਂ ਨਾਲ ਜੁੜੇ ਸਾਰੇ ਵਰਕਰਾਂ ਨੂੰ ਲਾਭ ਦਿੱਤੇ ਜਾਂਦੇ ਹਨ।

ਕੈਬਨਿਟ ਮੰਤਰੀ ਰਾਣਾ ਗੁਰਮੀਤ ਸਿੰਘ ਸੋਢੀ ਨੇ ਦੱਸਿਆ ਕਿ ਵਰਕਰਾਂ ਨੂੰ ਵਜ਼ੀਫ਼ਾ, ਐਲ.ਟੀ.ਸੀ., ਸ਼ਗਨ, ਮਾਨਸਿਕ ਅਪੰਗਤਾ, ਡਲਿਵਰੀ, ਸਰਜਰੀ, ਐਕਸਗ੍ਰੇਸ਼ੀਆਂ, ਸੰਸਕਾਰ ਅਤੇ ਬਾਲੜੀ ਸਕੀਮਾਂ ਵਰਗੇ ਕਈ ਤਰ੍ਹਾਂ ਦੇ ਲਾਭ ਦਿੱਤੇ ਜਾਂਦੇ ਹਨ। ਇਨ੍ਹਾਂ ਸਕੀਮਾਂ ਤਹਿਤ ਉਸਾਰੀ ਕਿਰਤੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਹਾਇਤਾ ਮੁਹੱਈਆ ਕਰਵਾਈ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਸਕੀਮ ਤਹਿਤ 2564 ਉਸਾਰੀ ਕਿਰਤੀਆਂ ਦੇ ਬੱਚਿਆਂ ਦੀ ਪੜ੍ਹਾਈ ਲਈ 27668000 ਰੁਪਏ ਦੇ ਵਜ਼ੀਫ਼ਾ ਕੇਸ ਪ੍ਰਵਾਨ ਕੀਤੇ ਗਏ ਹਨ। ਇਸੇ ਤਰ੍ਹਾਂ 132 ਕਿਰਤੀਆਂ ਨੂੰ 264000 ਰੁਪਏ ਦੇ ਐਲ.ਟੀ.ਸੀ. ਕੇਸ, ਸ਼ਗਨ ਸਕੀਮ ਤਹਿਤ 62000, ਮਾਨਸਿਕ ਅਪੰਗਤਾ ਤਹਿਤ 20000, ਡਲਿਵਰੀ ਤਹਿਤ 5000, ਸਰਜਰੀ ਲਈ 190528 ਰੁਪਏ, ਐਕਸਗ੍ਰੇਸ਼ੀਆਂ ਗਰਾਂਟ ਤਹਿਤ 900000, ਸੰਸਕਾਰ ਦੇ ਲਈ 100000 ਅਤੇ ਬਾਲੜੀ ਯੋਜਨਾ ਤਹਿਤ 102000 ਰੁਪਏ ਦੀ ਸਹਾਇਤਾ ਦੇਣ ਲਈ ਕੇਸ ਪ੍ਰਵਾਨ ਕੀਤੇ ਗਏ ਹਨ। ਉਨ੍ਹਾਂ ਅੱਗੇ ਦੱਸਿਆ ਕਿ ਇਹ ਸਾਰੇ ਕੇਸ ਪੰਜਾਬ ਬਿਲਡਿੰਗ ਐਂਡ ਅਦਰਸ ਕੰਸਟਰੱਕਸ਼ਨ ਵਰਕਸ ਵੈੱਲਫੇਅਰ ਬੋਰਡ ਨੂੰ ਭੇਜ ਦਿੱਤੇ ਜਾਣਗੇ ਅਤੇ ਅਗਲੇ ਦੀ ਕੁੱਝ ਦਿਨਾਂ ਵਿਚ ਪ੍ਰਵਾਨ ਕੀਤੇ ਗਏ ਕੇਸਾਂ ਦੀ ਰਾਸ਼ੀ ਸਬੰਧਿਤ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿਚ ਭੇਜ ਦਿੱਤੀ ਜਾਵੇਗੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ

ਸੀ-ਡੈਕ ਈ ਸੰਜੀਵਨੀ ਓ.ਪੀ.ਡੀ.ਪ੍ਰਣਾਲੀ ਦਾ ਵੱਧ ਤੋਂ ਵੱਧ ਲੋਕ ਲਾਭ ਲੈਣ-ਸਿਵਲ ਸਰਜਨ

ਕਿਹਾ, ਲੋਕ ਮੁਫ਼ਤ ਡਾਕਟਰੀ ਸਲਾਹ ਘਰ ਬੈਠੇ ਹੀ ਪ੍ਰਾਪਤ ਕਰ ਸਕਦੇ ਹਨ

ਫਿਰੋਜ਼ਪੁਰ 22 ਮਈ 2020 ( )

ਪੰਜਾਬ ਸਰਕਾਰ ਨੇ ਕੋਵਿਡ ਮਹਾਂਮਾਰੀ ਦੇ ਮੱਦੇਨਜ਼ਰ ਸੂਬੇ ਦੇ ਲੋਕਾਂ ਲਈ ਨਿਰਵਿਘਨ ਸਿਹਤ ਸੇਵਾਵਾਂ ਨੂੰ ਯਕੀਨੀ ਬਣਾਉਣ ਲਈ ਇੱਕ ਅਹਿਮ ਲੋਕ ਹਿੱਤ ਉਪਰਾਲਾ ਕੀਤਾ ਹੈ। ਸੀ-ਡੈਕ ਮੋਹਾਲੀ ਵੱਲੋਂ ਵਿਕਸਿਤ ਏਕੀਕ੍ਰਿਤ ਟੈਲੀਮੈਡੀਸਨਲ ਸਲਿਊਸ਼ਨ ਦੀ ਈ-ਸੰਜੀਵਨੀ ਆਨਲਾਈਨ ਓ,ਪੀ,ਡੀ. (ਡਾਕਟਰ ਤੋਂ ਮਰੀਜ਼ ਤੱਕ) ਦੀ ਸ਼ੁਰੂਆਤ ਕੀਤੀ ਗਈ ਹੈ।
ਸਰਕਾਰ ਵੱਲੋਂ ਉਪਲੱਬਧ ਕਰਵਾਈ ਗਈ ਇਸ ਸੁਵਿਧਾ ਬਾਰੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਫਿਰੋਜ਼ਪੁਰ ਡਾ:ਨਵਦੀਪ ਸਿੰਘ ਨੇ ਦੱਸਿਆ ਕਿ ਸਰਕਾਰ ਦਾ ਇਹ ਉਪਰਾਲਾ ਆਮ ਲੋਕਾਂ ਵਿਸ਼ੇਸ਼ ਕਰਕੇ ਦੂਰ ਦੁਰਾਡੇ ਖੇਤਰ ਦੇ ਲੋਕਾਂ ਲਈ ਇੱਕ ਵਰਦਾਨ ਹੈ ਕਿਉਂਕਿ ਇਸ ਓ.ਪੀ.ਡੀ ਪ੍ਰਣਾਲੀ ਰਾਹੀਂ ਲੋਕ ਘਰ ਬੈਠੇ ਹੀ ਮਿਆਰੀ ਸਿਹਤ ਸਲਾਹ ਹਾਸਿਲ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਇਹ ਪ੍ਰਣਾਲੀ ਵੀਡੀਓ ਕਾਨਫਰੰਸਿੰਗ ਰਾਹੀਂ ਮਾਹਿਰ ਡਾਕਟਰਾਂ ਦੇ ਨੈੱਟਵਰਕ ਨਾਲ ਜੁੜਨ ਅਤੇ ਘਰ ਬੈਠੇ ਹੀ ਆਮ ਸਿਹਤ ਸਮੱਸਿਆਵਾਂ ਲਈ ਡਾਕਟਰੀ ਸਲਾਹ ਹਾਸਿਲ ਕਰਨ ਲਈ ਇੱਕ ਪਲੇਟਫ਼ਾਰਮ ਮੁਹੱਈਆ ਕਰਵਾਉਂਦੀ ਹੈ। ਡਾ: ਨਵਦੀਪ ਸਿੰਘ ਨੇ ਅੱਗੇ ਦੱਸਿਆ ਕਿ ਤੰਦਰੁਸਤ ਪੰਜਾਬ ਸਿਹਤ ਕੇਂਦਰਾਂ 'ਚ ਟੈਲੀਮੈਡੀਸਨ ਸੇਵਾਵਾਂ ਤੋਂ ਇਲਾਵਾ ਪ੍ਰਸ਼ਾਸਨਿਕ ਸੁਧਾਰਾਂ ਅਤੇ ਲੋਕ ਸ਼ਿਕਾਇਤਾਂ ਵਿਭਾਗ ਦੇ ਸਰਗਰਮ ਸਹਿਯੋਗ ਨਾਲ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਨੇ ਇਸ ਪ੍ਰੋਗਰਾਮ ਨੂੰ ਸੂਬੇ ਭਰ ਵਿੱਚ ਲਾਗੂ ਕੀਤਾ ਹੈ।
ਉਨ੍ਹਾਂ ਦੱਸਿਆ ਕਿ ਇਸ ਓ.ਪੀ.ਡੀ ਪ੍ਰਣਾਲੀ ਵਿੱਚ ਮਰੀਜ਼ਾਂ ਦੀ ਰਜਿਸਟ੍ਰੇਸ਼ਨ ਟੋਕਨ ਜਮਨਰੇਸ਼ਨ, ਕਤਾਰ ਪ੍ਰਬੰਧਨ, ਸਬੰਧਿਤ ਡਾਕਟਰ ਨਾਲ ਆਡਿਓ-ਵੀਡੀਓ ਮਸ਼ਵਰਾ, ਈ-ਪ੍ਰੈਸਕਰਪਿਸ਼ਨ, ਐਸ.ਐਮ.ਐਸ/ਈਮੇਲ ਨੋਟੀਫ਼ਿਕੇਸ਼ਨ ਅਤੇ ਸੂਬੇ ਦੇ ਡਾਕਟਰਾਂ ਵੱਲੋਂ (ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੇ) ਪੂਰੀ ਤਰਾਂ ਮੁਫ਼ਤ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਡਾਕਟਰ ਪਿਛਲੇ ਇੱਕ ਦਹਾਕੇ ਤੋਂ ਈ- ਸੰਜੀਵਨੀ (ਡਾਕਟਰ ਤੋਂ ਡਾਕਟਰ) ਪ੍ਰਣਾਲੀ ਦਾ ਇਸਤੇਮਾਲ ਕਰ ਰਹੇ ਹਨ, ਇਸ ਲਈ ਈ-ਸੰਜੀਵਨੀ -ਆਨਲਾਈਨ ਓ.ਪੀ.ਡੀ. (ਡਾਕਟਰ ਤੋਂ ਮਰੀਜ਼) ਪਲੇਟਫ਼ਾਰਮ ਅਪਣਾਉਣ ਵਿੱਚ ਉਨ੍ਹਾਂ ਨੂੰ ਬਹੁਤਾ ਸਮਾਂ ਨਹੀਂ ਲੱਗੇਗਾ। ਉਨ੍ਹਾਂ ਅੱਗੇ ਕਿਹਾ ਕਿ ਇਹ ਤਕਨੀਕ ਕੋਵਿਡ -19 ਮਹਾਂਮਾਰੀ ਦੌਰਾਨ ਮਿਆਰੀ ਡਾਕਟਰੀ ਸਲਾਹ ਅਤੇ ਇਲਾਜ ਮੁਹੱਈਆ ਕਰਨ ਵਿੱਚ ਸਹਾਇਤਾ ਕਰੇਗੀ। ਇਹ ਵਿਸ਼ੇਸ਼ਤਾ ਕੋਵਾ ਮੋਬਾਇਲ ਐਪ ਵਿੱਚ ਵੀ ਉਪਲੱਬਧ ਹੈ। ਈ-ਸੰਜੀਵਨੀ ਓ.ਪੀ.ਡੀ. ਦਾ ਲਾਭ ਲੈਣ ਲਈ ਮਰੀਜ਼/ਵਿਅਕਤੀ ਕੋਲ ਇੱਕ ਕੰਪਿਊਟਰ,ਲੈਪਟਾਪ ਜਾਂ ਟੈਬ ਦੇ ਨਾਲ ਇੱਕ ਵੱਖਰਾ ਜਾਂ ਇਨਬਿਲਟ ਵੈੱਬਕੈਮ, ਮਾਈਕ, ਸਪੀਕਰ ਅਤੇ ਇੱਕ ਤੇਜ਼ ਇੰਟਰਨੈੱਟ ਕੁਨੈਕਸ਼ਨ (2 ਐਮ.ਬੀ, ਪੀ.ਐਸ ਜਾਂ ਵੱਧ) ਹੋਣਾ ਚਾਹੀਦਾ ਹੈ। ਮੁਫ਼ਤ ਸਲਾਹ ਪ੍ਰਦਾਨ ਕਰਨ ਲਈ ਸ਼ੁਰੂ ਵਿੱਚ ਰਾਜ ਸਿਹਤ ਵਿਭਾਗ ਦੇ ਡਾਕਟਰਾਂ ਦੀ ਇੱਕ ਟੀਮ ਸੋਮਵਾਰ ਤੋਂ ਸ਼ੁੱਕਰਵਾਰ ਸਵੇਰੇ 10 ਤੋਂ 1 ਵਜੇ ਤੱਕ ਉਪਲੱਬਧ ਹੈ।